ਗੋਹਾ ਠੇਕੇਦਾਰ ਰਾਹੀਂ ਚੁਕਵਾਉਣ ਅਤੇ ਪਾਣੀ ਦੀ ਦੁਰਵਰਤੋਂ ਰੋਕਣ ਦਾ ਭਰੋਸਾ

ਬੁੱਢੇ ਦਰਿਆ ਦੀ ਸਫ਼ਾਈ ਲਈ ਡੇਅਰੀ ਮਾਲਕਾਂ ਸਹਿਮਤ

- **ਦੋਵਾਂ ਡੇਅਰੀ ਕੰਪਲੈਕਸਾਂ ਵਿੱਚ ਪਲਾਂਟਾਂ ਦੀ ਸਮਰੱਥਾ ਨਾਲੋਂ ਦੁੱਗਣਾ ਪਾਣੀ ਪਹੁੰਚ ਰਿਹਾ: ਸੀਚੇਵਾਲ**

ਅਰਥ ਪ੍ਰਕਾਸ਼ ਪੱਤਰਕਾਰ

ਲੁਧਿਆਣਾ। ਬੁੱਢੇ ਦਰਿਆ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਬਣਾਈ ਗਈ 12 ਮੈਂਬਰੀ ਕਮੇਟੀ ਦੀ ਪਹਿਲੀ ਮੀਟਿੰਗ ਰਾਜ ਸਭਾ ਮੈਂਬਰ ਅਤੇ ਕਮੇਟੀ ਦੇ ਚੇਅਰਮੈਨ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਹੇਠ 225 ਐੱਮਐੱਲਡੀ ਸਮਰੱਥਾ ਵਾਲੇ ਜਮਾਲਪੁਰ ਸੀਵਰੇਜ ਟ੍ਰੀਟਮੈਂਟ ਪਲਾਂਟ ਵਿਖੇ ਹੋਈ। ਮੀਟਿੰਗ ਦੌਰਾਨ ਡੇਅਰੀਆਂ ਦਾ ਗੋਹਾ ਬੁੱਢੇ ਦਰਿਆ ਵਿੱਚ ਜਾਣ ਤੋਂ ਰੋਕਣ ਅਤੇ ਸਾਫ਼ ਪਾਣੀ ਦੀ ਵਰਤੋਂ ਘਟਾਉਣ ਲਈ ਡੇਅਰੀ ਮਾਲਕਾਂ ਨੇ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਕਮੇਟੀ ਦੇ ਉਪ ਚੇਅਰਮੈਨ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਸਕੱਤਰ ਘਨਸ਼ਿਆਮ ਥੋਰੀ ਦੀ ਮੌਜੂਦਗੀ ਵਿੱਚ ਹੋਈ ਮੀਟਿੰਗ ਦੌਰਾਨ ਡੇਅਰੀ ਮਾਲਕਾਂ ਵਿਰੁੱਧ ਦਰਜ ਐੱਫਆਈਆਰ ਵਾਪਸ ਲੈਣ ਦਾ ਮਾਮਲਾ ਵੀ ਵਿਚਾਰਿਆ ਗਿਆ।

ਸੰਤ ਸੀਚੇਵਾਲ ਨੇ ਭਰੋਸਾ ਦਿੱਤਾ ਕਿ ਡੇਅਰੀ ਮਾਲਕਾਂ ਵਿਰੁੱਧ ਦਰਜ ਕੇਸ ਵਾਪਸ ਕਰਵਾਉਣ ਲਈ ਕਾਰਵਾਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਨਗਰ ਨਿਗਮ ਵੱਲੋਂ ਡੇਅਰੀਆਂ ਦਾ ਗੋਹਾ ਚੁੱਕਣ ਲਈ ਤਿੰਨ ਸਾਲ ਦਾ ਠੇਕਾ ਦਿੱਤਾ ਹੋਇਆ ਹੈ। ਮੀਟਿੰਗ ਤੋਂ ਬਾਅਦ ਕਮੇਟੀ ਮੈਂਬਰਾਂ ਨੇ ਤਾਜਪੁਰ ਰੋਡ ਡੇਅਰੀ ਕੰਪਲੈਕਸ ਦਾ ਵੀ ਨਿਰੀਖਣ ਕੀਤਾ। ਇਸ ਮੌਕੇ ਸਾਹਮਣੇ ਆਇਆ ਕਿ ਤਾਜਪੁਰ ਡੇਅਰੀ ਕੰਪਲੈਕਸ ਦੇ ਈਟੀਪੀ ਪਲਾਂਟ ਦੀ ਸਮਰੱਥਾ 2.25 ਐੱਮਐੱਲਡੀ ਅਤੇ ਹੈਬੋਵਾਲ



ਡੇਅਰੀ ਕੰਪਲੈਕਸ ਦੇ ਪਲਾਂਟ ਦੀ ਸਮਰੱਥਾ 3.75 ਐੱਮਐੱਲਡੀ ਹੈ। ਦੋਵਾਂ ਪਲਾਂਟਾਂ ਦੀ ਕੁੱਲ ਸਮਰੱਥਾ 6 ਐੱਮਐੱਲਡੀ ਹੈ, ਜਦਕਿ ਇਨ੍ਹਾਂ ਵਿੱਚ ਰੋਜ਼ਾਨਾ ਲਗਪਗ 12 ਐੱਮਐੱਲਡੀ ਪਾਣੀ ਪਹੁੰਚ ਰਿਹਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਡੇਅਰੀ ਕੰਪਲੈਕਸਾਂ ਵਿੱਚ ਵਾਧੂ ਪਾਣੀ ਦੀ ਸਪਲਾਈ ਵੱਡੀ ਸਮੱਸਿਆ ਹੈ, ਜਿਸ ਨੂੰ ਘਟਾਉਣਾ ਬੇਹੱਦ ਜ਼ਰੂਰੀ ਹੈ। ਡੇਅਰੀਆਂ ਵਿੱਚ ਫਲੋਅ ਮੀਟਰ ਲਗਾਉਣ ਦਾ ਮਕਸਦ ਵੀ ਇਹੀ ਹੈ ਕਿ ਪਤਾ ਲੱਗ ਸਕੇ ਕਿ ਕਿਹੜੀ ਡੇਅਰੀ ਕਿੰਨਾ ਪਾਣੀ ਵਰਤ ਰਹੀ ਹੈ। ਤਾਜਪੁਰ ਰੋਡ ਡੇਅਰੀ ਕੰਪਲੈਕਸ ਦੇ ਪ੍ਰਧਾਨ ਸਤਵਿੰਦਰ ਸਿੰਘ ਅਤੇ ਹੈਬੋਵਾਲ ਡੇਅਰੀ ਕੰਪਲੈਕਸ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਆਪਣਾ ਪੱਖ ਰੱਖਣ ਤੋਂ ਬਾਅਦ ਸਹਿਮਤੀ ਦਿੱਤੀ ਕਿ ਸਾਰੀਆਂ ਡੇਅਰੀਆਂ ਵਾਲੇ ਆਪੋ-ਆਪਣੀਆਂ ਡੇਅਰੀਆਂ ਦਾ ਗੋਹਾ ਠੇਕੇਦਾਰ ਰਾਹੀਂ ਚੁਕਵਾਉਣਗੇ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਨਹੀਂ ਕਰਨਗੇ। ਪਸ਼ੂਆਂ ਦੀ ਲੋੜ ਅਨੁਸਾਰ ਹੀ ਪਾਣੀ ਦੀ ਵਰਤੋਂ ਕੀਤੀ ਜਾਵੇਗੀ। ਸੰਤ ਸੀਚੇਵਾਲ ਨੇ ਕਿਹਾ ਕਿ ਉਹ ਪਿਛਲੇ ਦੋ ਸਾਲਾਂ ਤੋਂ ਬੁੱਢੇ ਦਰਿਆ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਯਤਨ ਕਰ ਰਹੇ ਹਨ ਅਤੇ ਇਸ ਸਬੰਧੀ ਹੁਣ ਤੱਕ 46 ਮੀਟਿੰਗਾਂ ਕਰ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੀ ਬੁੱਢੇ ਦਰਿਆ ਦੀ ਸਫ਼ਾਈ ਸਬੰਧੀ ਲੁਧਿਆਣਾ ਆ ਕੇ ਸੱਤ ਵਾਰ ਮੀਟਿੰਗਾਂ ਕਰ ਚੁੱਕੇ ਹਨ, ਜਦਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਦੋ ਵਾਰ ਉੱਚ ਪੱਧਰੀ ਮੀਟਿੰਗਾਂ ਕੀਤੀਆਂ ਗਈਆਂ ਹਨ।

ਇਨ੍ਹਾਂ ਸਾਰੀਆਂ ਕੋਸ਼ਿਸ਼ਾਂ ਦਾ ਮਕਸਦ ਬੁੱਢੇ ਦਰਿਆ ਵਿੱਚ ਪ੍ਰਦੂਸ਼ਣ ਨੂੰ ਪੂਰੀ ਤਰ੍ਹਾਂ ਰੋਕਣਾ ਹੈ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਡਾ. ਅੰਕੁਰ ਮਹਿੰਦਰੂ, ਏਡੀਸੀ (ਯੂਡੀ) ਅਮਿਤ ਬੰਬੀ, ਡੀਸੀਪੀ ਆਲਮ ਵਿਜੇ ਸਿੰਘ, ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ, ਤਪਨ ਭਨੋਟ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੁੱਖ ਇੰਜੀਨੀਅਰ ਆਰਕੇ ਰੱਤੜਾ, ਕੌਂਸਲਰ ਇੰਦੂ ਮੁਨੀਸ਼ ਸ਼ਾਹ, ਨਿਗਰਾਨ ਇੰਜੀਨੀਅਰ ਦੀਪਇੰਦਰ ਕੌਰ, ਪੇਡਾ ਦੇ ਡੀਐੱਮ ਗੁਰਿੰਦਰ ਸਿੰਘ ਸਮੇਤ ਡੇਅਰੀ ਕੰਪਲੈਕਸਾਂ ਦੇ ਨੁਮਾਇੰਦੇ ਅਤੇ ਗੋਬਰ ਚੁੱਕਣ ਵਾਲਾ ਠੇਕੇਦਾਰ ਹਾਜ਼ਰ ਸਨ।

ਗਾਇਕ ਕਮਲ ਗਰੇਵਾਲ ਨੂੰ ਗੈਂਗ ਦੇ ਨਾਂ 'ਤੇ ਧਮਕੀਆਂ

- **ਵਿਦੇਸ਼ੀ ਨੰਬਰ ਤੋਂ ਕਾਲਾਂ ਤੇ ਵੋਇਸ ਮੈਸੇਜ ਮਿਲਣ ਦੀ ਸ਼ਿਕਾਇਤ**
- **ਗਿੱਲੀ ਰਾਣਾ ਖ਼ਿਲਾਫ਼ ਕੇਸ ਦਰਜ, ਪੁਲਿਸ ਵੱਲੋਂ ਜਾਂਚ ਸ਼ੁਰੂ**

ਅਰਥ ਪ੍ਰਕਾਸ਼ ਪੱਤਰਕਾਰ

ਲੁਧਿਆਣਾ। ਲੁਧਿਆਣਾ ਵਿੱਚ ਪੰਜਾਬੀ ਗਾਇਕ ਕਮਲਜੀਤ ਸਿੰਘ ਗਰੇਵਾਲ ਉਰਫ਼ ਕਮਲ ਗਰੇਵਾਲ ਨੂੰ ਰੋਹਿਤ ਗੋਦਾਰਾ ਗੈਂਗ ਦੇ ਨਾਂ 'ਤੇ ਧਮਕੀਆਂ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਵਿਦੇਸ਼ੀ ਨੰਬਰ ਤੋਂ ਆਈਆਂ ਕਾਲਾਂ ਅਤੇ ਆਵਾਜ਼ੀ ਵੋਇਸ ਮੈਸੇਜ ਰਾਹੀਂ ਗਾਇਕ ਨੂੰ ਧਮਕਾਉਣ ਦਾ ਦੋਸ਼ ਹੈ। ਆਪਣੀ ਅਤੇ ਪਰਿਵਾਰ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਗਾਇਕ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ।

ਇਸ ਮਾਮਲੇ ਵਿੱਚ ਥਾਣਾ ਡਿਵੀਜ਼ਨ ਨੰਬਰ-5 ਦੀ ਪੁਲਿਸ ਨੇ ਗਿੱਲੀ ਰਾਣਾ ਨਾਮਕ ਵਿਅਕਤੀ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਨੇ ਕਥਿਤ ਤੌਰ 'ਤੇ ਖ਼ੁਦ ਨੂੰ ਰੋਹਿਤ



ਗੋਦਾਰਾ ਗੈਂਗ ਦਾ ਮੈਂਬਰ ਦੱਸਿਆ ਸੀ। ਸਰਾਭਾ ਨਗਰ ਦੇ ਰਹਿਣ ਵਾਲੇ ਗਾਇਕ ਕਮਲ ਗਰੇਵਾਲ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਸਰਾਭਾ ਨਗਰ ਵਿੱਚ ਆਪਣੀ ਸੰਗੀਤ ਕੰਪਨੀ ਚਲਾਉਂਦੇ ਹਨ। ਕੰਪਨੀ ਦੇ ਦਫ਼ਤਰ ਵਿੱਚ ਦੋ ਕਰਮਚਾਰੀ ਤਾਇਨਾਤ ਹਨ, ਜੋ ਕੰਪਨੀ ਦੇ ਮੋਬਾਈਲ ਨੰਬਰ ਰਾਹੀਂ ਲਾਈਵ ਸੰਗੀਤਕ ਪ੍ਰੋਗਰਾਮਾਂ ਦੀਆਂ ਆਨਲਾਈਨ ਬੁਕਿੰਗਾਂ ਦਾ ਕੰਮ ਸੰਭਾਲਦੇ ਹਨ। ਗਾਇਕ ਅਨੁਸਾਰ ਬੀਤੇ ਦਿਨੀ ਜਦੋਂ ਉਹ ਪਟਿਆਲਾ ਵਿੱਚ ਸਮਾਗਮ ਦੌਰਾਨ ਆਪਣੀ ਪੇਸ਼ਕਾਰੀ ਦੇ ਰਹੇ ਸਨ ਤਾਂ ਕੰਪਨੀ ਦੇ ਮੋਬਾਈਲ ਫੋਨ 'ਤੇ ਇੱਕ ਵਿਦੇਸ਼ੀ ਨੰਬਰ ਤੋਂ ਕਈ ਮਿਸਡ ਕਾਲਾਂ ਅਤੇ ਵੋਇਸ ਮੈਸੇਜ ਆਏ। ਉਸ ਸਮੇਂ ਸਮਾਗਮ ਵਿੱਚ ਰੁੱਝੇ ਹੋਣ ਕਾਰਨ ਉਹ ਇਨ੍ਹਾਂ ਆਡੀਓ ਮੈਸੇਜ ਨੂੰ ਸੁਣ ਨਹੀਂ ਸਕੇ। ਅਗਲੇ ਦਿਨ ਜਦੋਂ ਉਨ੍ਹਾਂ ਨੇ ਜਾਂਚ ਕੀਤੀ ਤਾਂ ਕਾਲ ਕਰਨ ਵਾਲੇ ਵਿਅਕਤੀ ਨੇ ਖ਼ੁਦ ਦੀ ਪਛਾਣ ਗਿੱਲੀ ਰਾਣਾ ਵਜੋਂ ਦੱਸਦਿਆਂ ਰੋਹਿਤ ਗੋਦਾਰਾ ਗੈਂਗ ਨਾਲ ਸਬੰਧ ਹੋਣ ਦਾ ਦਾਅਵਾ ਕੀਤਾ ਅਤੇ ਉਨ੍ਹਾਂ ਨੂੰ ਧਮਕੀਆਂ ਦਿੱਤੀਆਂ। ਸ਼ਿਕਾਇਤ ਵਿੱਚ ਅੱਗੇ ਦੱਸਿਆ ਗਿਆ ਕਿ ਹੁਣ ਜਦੋਂ ਕਮਲ ਗਰੇਵਾਲ ਆਪਣੇ ਦਫ਼ਤਰ ਵਿੱਚ ਮੌਜੂਦ ਸਨ ਤਾਂ ਉਸੇ ਤਰ੍ਹਾਂ ਦੇ ਵਿਦੇਸ਼ੀ ਨੰਬਰ ਤੋਂ ਮੁੜ ਦੋ ਕਾਲਾਂ ਆਈਆਂ। ਲਗਾਤਾਰ ਮਿਲ ਰਹੀਆਂ ਕਾਲਾਂ ਅਤੇ ਪਹਿਲਾਂ ਦਿੱਤੀਆਂ ਧਮਕੀਆਂ ਕਾਰਨ ਗਾਇਕ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹੋ ਗਏ। ਇਸ ਤੋਂ ਬਾਅਦ ਉਨ੍ਹਾਂ ਨੇ ਪੁਲਿਸ ਕੋਲ ਪਹੁੰਚ ਕਰਕੇ ਪੂਰੇ ਮਾਮਲੇ ਦੀ ਸ਼ਿਕਾਇਤ ਦਰਜ ਕਰਵਾਈ।

ਮਾਮਲੇ ਦੀ ਜਾਂਚ ਕਰ ਰਹੇ ਸਬ-ਇੰਸਪੈਕਟਰ ਜੁਗਰਾਜ ਕੌਰ ਨੇ ਦੱਸਿਆ ਕਿ ਪੁਲਿਸ ਨੇ ਇਸ ਸਬੰਧੀ ਭਾਰਤੀ ਨਿਆਂ ਸੰਹਿਤਾ ਦੀ ਧਾਰਾ 308(4) ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਵਿਦੇਸ਼ੀ ਨੰਬਰ ਦੀ ਪੜਤਾਲ ਕੀਤੀ ਜਾ ਰਹੀ ਹੈ ਅਤੇ ਕਾਲ ਕਰਨ ਵਾਲੇ ਵਿਅਕਤੀ ਦੀ ਪਛਾਣ ਕਰਨ ਦੇ ਨਾਲ-ਨਾਲ ਉਸ ਦੇ ਟਿਕਾਣੇ ਅਤੇ ਫੋਨ ਕਾਲਾਂ ਦੇ ਸਰੋਤ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

ਕਿਸਾਨਾਂ ਵੱਲੋਂ ਕੇਂਦਰੀ ਟੀਮ ਦਾ ਘਿਰਾਓ

ਅਰਥ ਪ੍ਰਕਾਸ਼ ਪੱਤਰਕਾਰ

ਦਿੜ੍ਹਬਾ। ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦਿੜ੍ਹਬਾ ਬਲਾਕ ਵੱਲੋਂ ਪਿੰਡ ਮਹਿਲਾਂ ਚੌਂਕ ਵਿਖੇ ਇਕਾਈ ਪ੍ਰਧਾਨ ਜਗਜੀਤ ਸਿੰਘ ਦੀ ਅਗਵਾਈ ਹੇਠ ਕੇਂਦਰ ਤੋਂ ਆਈ ਟੀਮ ਦਾ ਘਿਰਾਓ ਕੀਤਾ ਗਿਆ।

ਦੇਰ ਰਾਤ ਸਮੇਂ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਇਸ ਥਾਂ ਉੱਤੋਂ ਦੁਬਾਰਾ ਨਾ ਆਉਣ ਦਾ ਭਰੋਸਾ ਦਿੱਤੇ ਜਾਣ ਤੋਂ ਬਾਅਦ ਛੱਡਿਆ ਗਿਆ। ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾਂ, ਬਲਾਕ ਖ਼ਜ਼ਾਨਚੀ ਜਗਦੀਪ ਸਿੰਘ ਮਹਿਲਾਂ, ਜ਼ਿਲ੍ਹਾ ਖ਼ਜ਼ਾਨਚੀ ਅਮਨਦੀਪ ਸਿੰਘ ਮਹਿਲਾਂ, ਭਵਾਨੀਗੜ੍ਹ ਬਲਾਕ ਦੇ ਪ੍ਰਧਾਨ ਮਨਜੀਤ ਸਿੰਘ ਘਰਾਚੋਂ ਤੇ ਪ੍ਰੈੱਸ ਸਕੱਤਰ ਹਰਜਿੰਦਰ



ਸਿੰਘ ਘਰਾਚੋਂ ਨੇ ਕਿਹਾ ਮੋਦੀ ਸਰਕਾਰ ਵੱਲੋਂ ਝੋਨੇ ਦੀ ਰਹਿੰਦ-ਖੂੰਹਦ ਪਰਾਲੀ ਨੂੰ ਅੱਗ ਲਾਉਣ ਦੇ ਨਾਂ ਤੇ ਕਿਸਾਨਾਂ ਤੇ ਸਖ਼ਤ ਕਾਰਵਾਈ, ਭਾਰੀ ਜੁਰਮਾਨੇ ਅਤੇ ਪਰਚੇ ਪਾਉਣ ਲਈ ਪਿੰਡਾਂ ਵਿੱਚ ਟੀਮਾਂ ਭੇਜੀਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਦੀ ਮਿਲੀਭੁਗਤ ਨਾਲ ਖੇਤਾਂ ਵਿੱਚ ਡਰੋਨ ਚਾੜ੍ਹ ਕੇ ਲੋਕੇਸ਼ਨ ਭੇਜ ਕੇ ਕਿਸਾਨਾਂ ਤੇ ਪਰਚੇ ਪਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਕਿਸਾਨ ਨੂੰ ਦੇਸ਼ ਦੀ ਰੀੜ੍ਹ ਦੀ ਹੱਡੀ ਕਿਹਾ ਜਾਂਦਾ ਹੈ, ਜੋ ਪੂਰੇ ਦੇਸ਼ ਦਾ ਢਿੱਡ ਭਰਦਾ ਹੈ।

ਕਾਰ ਦੀ ਟੱਕਰ ਨਾਲ ਸਾਗ ਵਿਕਰੇਤਾ ਦੀ ਮੌਤ

- **ਈਸਾ ਨਗਰੀ ਚੌਕ ਵਿੱਚ ਮੋਟਰਸਾਈਕਲ ਨੂੰ ਪਿੱਛਿਓਂ ਮਾਰੀ ਟੱਕਰ, ਦੋ ਹੋਰ ਜ਼ਖ਼ਮੀ**

ਅਰਥ ਪ੍ਰਕਾਸ਼ ਪੱਤਰਕਾਰ

ਲੁਧਿਆਣਾ। ਲੁਧਿਆਣਾ ਦੇ ਈਸਾ ਨਗਰੀ ਚੌਕ ਵਿੱਚ ਵੀਰਵਾਰ ਤੜਕੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਸਾਗ ਵੇਚਣ ਆਏ ਇੱਕ ਅਧੇੜ ਉਮਰ ਦੇ ਵਿਅਕਤੀ ਦੀ ਦਰਦਨਾਕ ਮੌਤ ਹੋ ਗਈ। ਤੇਜ਼ ਰਫ਼ਤਾਰ ਹੌਂਡਾ ਕਾਰ ਨੇ ਸਾਗ ਵੇਚਣ ਜਾ ਰਹੇ ਮੋਟਰਸਾਈਕਲ ਸਵਾਰ ਨੂੰ ਪਿੱਛਿਓਂ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਮੋਟਰਸਾਈਕਲ ਸਵਾਰ ਸੜਕ 'ਤੇ ਜਾ ਡਿੱਗਿਆ ਅਤੇ ਕਾਰ ਉਸ ਨੂੰ ਬੁਰੀ ਤਰ੍ਹਾਂ ਦਰੜਦੀ ਹੋਈ ਲੰਘ ਗਈ। ਕਾਰ ਦੀ ਲਪੇਟ ਵਿੱਚ ਆਉਣ ਕਾਰਨ ਦੋ ਹੋਰ ਵਿਅਕਤੀ ਵੀ ਹੀ ਫੱਟੜ ਹੋ ਗਏ। ਹਾਦਸੇ ਵਿੱਚ ਭਿਆਨਕ ਹਾਦਸੇ ਦੇ ਦੌਰਾਨ ਸਾਗ ਵੇਚਣ ਆਏ ਮੋਟਰਸਾਈਕਲ ਸਵਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਪੂਰੀ ਘਟਨਾ ਦੀਆਂ ਤਸਵੀਰਾਂ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈਆਂ ਹਨ।

ਜਾਣਕਾਰੀ ਅਨੁਸਾਰ ਮ੍ਰਿਤਕ ਵਿਅਕਤੀ ਸ਼ਹਿਰ ਦੇ ਆਲੇ-ਦੁਆਲੇ ਦੇ ਪਿੰਡਾਂ ਤੋਂ ਸਾਗ ਲਿਆ ਕੇ ਲੁਧਿਆਣਾ ਦੇ ਵੱਖ-ਵੱਖ ਮੁਹੱਲਿਆਂ ਵਿੱਚ ਵੇਚਣ ਦਾ ਕੰਮ ਕਰਦਾ ਸੀ। ਵੀਰਵਾਰ ਤੜਕੇ ਵੀ ਉਹ ਆਪਣੇ ਮੋਟਰਸਾਈਕਲ 'ਤੇ ਸਾਗ ਲੈ ਕੇ ਸ਼ਹਿਰ ਦੇ ਕਿਦਵਈ ਨਗਰ, ਇਸਲਾਮਗੰਜ ਅਤੇ ਈਸਾ ਨਗਰੀ ਇਲਾਕੇ ਵਿੱਚ ਵੇਚਣ ਲਈ ਆਇਆ ਹੋਇਆ ਸੀ।



ਜਦੋਂ ਉਹ ਈਸਾ ਨਗਰੀ ਚੌਕ ਵਿੱਚ ਪਹੁੰਚਿਆ ਤਾਂ ਪਿੱਛਿਓਂ ਆ ਰਹੀ ਤੇਜ਼ ਰਫ਼ਤਾਰ ਹੌਂਡਾ ਕਾਰ ਨੇ ਉਸ ਦੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਲੱਗਣ ਕਾਰਨ ਉਹ ਸੜਕ 'ਤੇ ਡਿੱਗ ਪਿਆ ਅਤੇ ਕਾਰ ਦੀ ਲਪੇਟ ਵਿੱਚ ਆਉਣ ਕਾਰਨ ਗੰਭੀਰ ਰੂਪ ਵਿੱਚ ਕੁਚਲਿਆ ਗਿਆ। ਹਾਦਸੇ ਦੀ ਭਿਆਨਕਤਾ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਉਸ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਘਟਨਾ ਦੀ ਸੂਚਨਾ ਮਿਲਦਿਆਂ ਹੀ ਸਮਾਜਿਕ ਕਾਰਕੁਨ ਰਮੇਸ਼ ਬਾਂਗੜ ਨੇ ਤੁਰੰਤ ਪੁਲਿਸ ਨੂੰ ਜਾਣਕਾਰੀ ਦਿੱਤੀ। ਸੂਚਨਾ ਮਿਲਣ 'ਤੇ ਥਾਣਾ ਡਿਵੀਜ਼ਨ ਨੰਬਰ ਦੋ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਪੁਲਿਸ ਵੱਲੋਂ ਹਾਦਸੇ ਸਬੰਧੀ ਜਾਂਚ ਕੀਤੀ ਜਾ ਰਹੀ ਹੈ। ਉੱਧਰ, ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋਈਆਂ ਤਸਵੀਰਾਂ ਰਾਹੀਂ ਹਾਦਸੇ ਦੇ ਹਾਲਾਤ ਅਤੇ ਕਾਰ ਦੀ ਪਛਾਣ ਸਬੰਧੀ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ।

ਕਾਰ ਇਸ ਕਦਰ ਬੇਕਾਬੂ ਸੀ ਕਿ ਥੋੜੀ ਦੂਰੀ ਤੇ ਜਾ ਕੇ ਉਸਨੇ ਉਥੋਂ ਲੰਘ ਰਹੇ ਤਿੰਨ ਹੋਰ ਸਕੂਟਰਾਂ ਨੂੰ ਟੱਕਰ ਮਾਰ ਦਿੱਤੀ। ਸਕੂਟਰਾਂ ਤੇ ਸਵਾਰ ਔਰਤਾਂ ਅਤੇ ਕੁਝ ਨੌਜਵਾਨ ਬੁਰੀ ਤਰ੍ਹਾਂ ਜਮੀਨ ਤੇ ਡਿੱਗ ਪਏ। ਮੌਕੇ ਤੇ ਪਹੁੰਚੀ ਥਾਣਾ ਡਿਵੀਜ਼ਨ ਨੰਬਰ ਦੋ ਦੀ ਪੁਲਿਸ ਨੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਪਟਾਕਿਆਂ ਦੀ ਚਮਕ ਨਾਲੋਂ ਬੱਚਿਆਂ ਦੀ ਚੇਤਨਾ ਵਧੇਰੇ ਰੌਸ਼ਨ : ਐੱਸਐੱਸਪੀ ਖੱਖ



ਅਰਥ ਪ੍ਰਕਾਸ਼ ਪੱਤਰਕਾਰ

ਮਾਲੇਰਕੋਟਲਾ। ਤਿਉਹਾਰਾਂ ਦੀ ਅਸਲ ਰੂਹ ਕੰਨ ਪਾੜਵੇਂ ਧਮਾਕਿਆਂ ਜਾਂ ਅਸਮਾਨ ਵਿੱਚ ਫੈਲਦੇ ਧੂੰਏਂ ਦੀ ਮੁਥਾਜ ਨਹੀਂ ਹੁੰਦੀ। ਖ਼ੁਸ਼ੀਆਂ ਦਾ ਸਭ ਤੋਂ ਸੁੱਚਾ ਰੂਪ ਉਹ ਹੈ, ਜਿਹੜਾ ਕਿਸੇ ਦੇ ਸਾਹਾਂ ਲਈ ਮੁਸੀਬਤ ਨਾ ਬਣੇ, ਕਿਸੇ ਬੇਜ਼ੁਬਾਨ ਦੀ ਸ਼ਾਂਤੀ ਨਾ ਖੋਹੇ ਅਤੇ ਕਿਸੇ ਬੱਚੇ ਦੇ ਸੁਪਨਿਆਂ ਉੱਤੇ ਉਦਾਸੀ ਦਾ ਪਰਛਾਵਾਂ ਨਾ ਪੈਣ ਦੇਵੇ। ਇਹ ਪ੍ਰੇਰਨਾਮਈ ਸੁਨੇਹਾ ਐੱਸਐੱਸਪੀ ਮਾਲੇਰਕੋਟਲਾ ਹਰਕਮਲ ਪ੍ਰੀਤ ਸਿੰਘ ਖੱਖ ਨੇ ਭੂਪਿੰਦਰਾ ਗਲੋਬਲ ਸਕੂਲ, ਬਿੰਜੋਕੀ ਦੇ ਵਿਦਿਆਰਥੀਆਂ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਸਾਂਝਾ ਕੀਤਾ।

ਗ੍ਰੀਨ ਦੀਵਾਲੀ ਦਾ ਸੁਨੇਹਾ ਲੈ ਕੇ ਜ਼ਿਲ੍ਹਾ ਪੁਲਿਸ ਦਫ਼ਤ